# ਦਫਤਰ ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਜਾਇਦਾਦ ਟੈਕਸ ਨਾ ਦੇਣ ਵਾਲਿਆਂ ਵਿਰੁੱਧ ਜਾਰੀ ਮੁਹਿਮ ਤਹਿਤ 1 ਦੁਕਾਨ ਸੀਲ ਕੀਤੀ .........ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ

ਹੁਸ਼ਿਆਰਪੁਰ 23 ਮਾਰਚ ਪੰਜਾਬ ਨਗਰ ਨਿਗਮ ਐਕਟ 1976 ਦੀ ਧਾਰਾ 138 (ਸੀ) ਅਧੀਨ ਜਾਇਦਾਦ ਸੀਲ ਕਰਨ ਸਬੰਧੀ ਜਾਰੀ ਮੁਹਿਮ ਤਹਿਤ ਪ੍ਰਾਪਰਟੀ ਮਾਲਕਾਂ ਦੀ ਪ੍ਰਾਪਰਟੀ ਸੀਲ ਕਰਨ ਸਬੰਧੀ ਨਗਰ ਨਿਗਮ ਦੇ ਸੁਪਰਡੰਟ ਸੁਆਮੀ ਸਿੰਘ ਦੀ ਅਗਵਾਈ ਵਿਚ ਗਈ ਟੀਮ ਵੱਲੋਂ ਜਲੰਧਰ ਰੋਡ ਵਿਖੇ 1 ਦੁਕਾਨਦਾਰ ਵੱਲੋਂ ਬਕਾਇਆ ਪ੍ਰਾਪਰਟੀ ਟੈਕਸ ਨਾ ਦੇਣ ਤੇ ਉਸ ਦੀ ਦੁਕਾਨ ਸੀਲ ਕਰਨ ਦੀ ਕਾਰਵਾਈ ਕੀਤੀ ਗਈ। ਇਹ ਜਾਣਕਾਰੀ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਜਲੰਧਰ ਰੋਡ ਤੇ ਸਥਿਤ ਦੁਕਾਨਦਾਰ ਨੂੰ ਪ੍ਰਾਪਰਟੀ ਟੈਕਸ ਦੇ ਜਮਾਂ ਨਾ ਕਰਵਾਉਣ ਸਬੰਧੀ 137 ਅਤੇ 138 (ਸੀ) ਦੇ ਨੋਟਿਸ ਦਿੱਤੇ ਗਏ ਸਨ ਜਿਸ ਦੇ ਬਾਵਜੂਦ ਵੀ ਉਹਨਾਂ ਵਲੋਂ ਬਣਦੀ ਰਕਮ ਜਮਾਂ ਨਾ ਕਰਵਾਉਣ ਤੇ ਦੁਕਾਨ ਨੂੰ ਸੀਲ ਕਰ ਦਿੱਤਾ ਗਿਆ ਹੈ।

ਕਾਰਜ ਸਾਧਕ ਅਫਸਰ ਨਗਰ ਨਿਗਮ ਹੁਸ਼ਿਆਰਪੁਰ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰਾਪਰਟੀ ਟੈਕਸ ਦਾ ਬਕਾਇਆ ਅਤੇ ਸਾਲ 2013-14, 2014-15, 2015-16 ਅਤੇ 2016-17 ਦੀ ਬਣਦੀ ਪ੍ਰਾਪਰਟੀ ਟੈਕਸ ਦੀ ਰਾਸ਼ੀ ਨਗਰ ਨਿਗਮ ਦੇ ਦਫਤਰ ਵਿਖੇ ਤੁਰੰਤ ਜਮਾਂ ਕਰਵਾਉਣ ਇਹ ਰਾਸ਼ੀ ਜਮਾਂ ਨਾ ਕਰਵਾਉਣ ਵਾਲੇ ਜਾਇਦਾਦਾਂ ਦੇ ਮਾਲਕਾਂ ਨੂੰ 112-ਏ ਦੇ ਨੋਟਿਸ ਭੇਜੇ ਜਾ ਰਹੇ ਹਨ ਜਿਸ ਵਿਚ 7 ਦਿਨ ਦਾ ਸਮਾਂ ਦਿੱਤਾ ਜਾਵੇਗਾ ਇਸ ਉਪਰੰਤ 138-ਸੀ ਦੇ ਨੋਟਿਸ ਭੇਜੇ ਜਾਣਗੇ ਜਿਸ ਵਿਚ 7 ਦਿਨ ਦਾ ਸਮਾਂ ਦਿੱਤਾ ਜਾਵੇਗਾ ਇਸ ਸਮੇਂ ਦੌਰਾਨ ਪ੍ਰਾਰਥੀ ਵਲੋਂ ਟੈਕਸ ਨਾ ਜਮਾਂ ਕਰਵਾਉਣ ਦੀ ਸੂਰਤ ਵਿਚ ਜਾਇਦਾਦ ਸੀਲ ਕਰਨ ਸਬੰਧੀ ਲੋੜੀਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਪ੍ਰਾਪਰਟੀ ਟੈਕਸ ਨਾ ਦੇਣ ਵਾਲੇ ਮਾਲਕਾਂ ਦੇ ਖਿਲਾਫ ਪ੍ਰਾਪਰਟੀ ਸੀਲ ਕਰਨ ਦੀ ਮੁਹਿਮ ਜਾਰੀ ਰਹੇਗੀ। ਜਾਇਦਾਦ ਸੀਲ ਕਰਨ ਵਾਲੀ ਟੀਮ ਵਿਚ ਇੰਸਪੈਕਟਰ ਮੁਕਲ ਕੇਸਰ, ਕੇਹਰ ਸਿੰਘ, ਮੁਕੇਸ਼ ਵੀ ਸ਼ਾਮਿਲ ਸਨ।